KTC 2019
31/03/2019

# ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ(ਐ.ਸਿ),ਗੁਰਦਾਸਪੁਰ


ਜਿਲ੍ਹਾ ਪ੍ਰਬੰਧਕੀ ਕੰਪਲੈਕਸ,ਬਲਾਕ-A ਤੀਸਰੀ ਮੰਜਿਲ ਕਮਰਾ ਨੰ:413

**Email id:- ssagurdaspur_punjabeducation@gmail.com(01874-240575)**


ਵੱਲੋ:

ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ)
ਗੁਰਦਾਸਪੁਰ।

ਵੱਲ:-
1) ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ
ਗੁਰਦਾਸਪੁਰ-2
2) ਸਬੰਧਤ ਸਕੂਲ ਮੁੱਖੀ

ਪੱਤਰ ਨੰ:ਆਰ.ਟੀ.ਈ/2018/ 1443 ਮਿਤੀ ਗੁਰਦਾਸਪੁਰ: 30/10/18

ਵਿਸ਼ਾ:- 6-14 ਸਾਲ ਦੇ ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ 2011 ਦੇ ਨਿਯਮ ਤੇ ਉਪ ਨਿਯਮ (4) ਸੈਕਸ਼ਨ 18 ਦੇ ਉਦੇਸ਼ ਲਈ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਜਾਰੀ ਕਰਨ ਸੰਬੰਧੀ।

ਸ਼੍ਰੀ ਮਾਨ/ਮਤੀ ਜੀ,

ਆਪ ਜੀ ਰਾਹੀਂ ਪ੍ਰਾਪਤ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਹੇਠ ਲਿਖੇ ਸਕੂਲਾਂ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਮੈਂ ਹੇਠ ਲਿਖੇ ਸਕੂਲਾਂ ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਤੱਕ ਮਿਤੀ 01-04-2018 ਤੋਂ ਮਿਤੀ 31-03-2019 ਤੱਕ ਇੱਕ ਸਾਲ ਦੇ ਸਮੇਂ ਲਈ ਆਰਜੀ ਮਾਨਤਾ ਜਾਰੀ ਕੀਤੀ ਜਾਂਦੀ ਹੈ।

| ਲੜੀ ਨੰ | ਮਾਨਤਾ ਸਨਾਖਤੀ ਨੰ | ਬਲਾਕ ਦਾ ਨਾਮ | ਸਕੂਲ ਦਾ ਨਾਮ | ਵਿਸ਼ੇਸ ਕਥਨ |
|---|---|---|---|---|
| 1 | 1443 | ਗੁਰਦਾਸਪੁਰ-2 | ਦਿੱਲੀ ਪਬਲਿਕ ਸਕੂਲ ਬਹਿਰਾਮਪੁਰ ਰੋਡ ਗੁਰਦਾਸਪੁਰ | ਮਿਤੀ 01-04-18 ਤੋਂ 31-03-2019 ਤੱਕ ਮਾਨਤਾ ਦਿੱਤੀ ਜਾਂਦੀ ਹੈ। |

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੋਂ ਬਾਅਦ ਹੀ ਇਹ ਮੰਜੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀ ਸ਼੍ਰੇਣੀ ਤੋਂ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੈਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੈਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ਼੍ਰੇਣੀ ਵਿੱਚ ਦਾਖਲਾ ਕਰੇਗਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਡ ਵਿੱਚ ਹੋਣਗੇ ਨੂੰ ਐਲੀਮੈਂਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ।ਬਸਰਤੇ ਪ੍ਰੀ ਪ੍ਰਾਇਮਰੀ ਸ਼੍ਰੇਣੀਆਂ ਉਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ,ਕਾਨੂੰਨ ਦੇ ਸੈਕਸ਼ਨ 12 ਦੇ ਸਬਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਂਕ ਖਾਤਾ ਮਹੁੱਈਆਂ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੋਂ ਜਾਂ ਸਰਪ੍ਰਸਤ ਤੋਂ ਕਿਸੇ ਵੀ ਕਾਰਵਾਈ ਲਈ ਇਕੱਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋਂ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ
(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੋਰਾਨ(ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।
(ੲ) ਧਰਮ ,ਜਾਤ,ਪਾਤ,ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ

7: ਸਕੂਲੀ ਯਕੀਨੀ ਬਣਾਏਗਾ:
(ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ਼੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋਂ ਤੱਕ ਉਸ ਦੀ ਐਲੀਮੈਂਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।
[illegible] ਵਿਦਿਆਰਥੀ ਨੂੰ ਐਲੀਮੈਂਟਰੀ ਸਿੱਖਿਆ ਪੂਰੀ ਕਰਨ ਤੋ ਪਹਿਲਾਂ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਜ਼ਰੂਰਤ ਨਹੀ ਹੋਵੇਗੀ।

DELHI PUBLIC SCHOOL GURDASPUR

Principal

District Education Officer
Cum Member Secretary
Cum District Project Director
SSA, Gurdaspur

(ਸ) ਨਿਯਮ 21 ਦੇ ਮੁਤਾਬਿਕ ਹਰੇਕ ਵਿਦਿਆਰਥੀ ਨੂੰ ਐਲੀਮੈਂਟਰੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਸਰਟੀਫਿਕੇਟ ਪ੍ਰਦਾਨ ਕੀਤਾ ਜਾਵੇਗਾ।

(ਹ) ਕਾਨੂੰਨ ਦੇ ਤਹਿਤ ਅਪੰਗ,ਅਯੋਗ ਜਾਂ ਵਿਸੇਸ ਜਰੂਰਤਾਂ ਵਾਲੇ ਵਿਦਿਆਰਥੀਆਂ ਨੂੰ ਦਾਖਲ ਕੀਤਾ ਜਾਵੇਗਾ।

(ਕ) ਸੈਕਸ਼ਨ 23 ਦੇ ਸਬ ਸੈਕਸ਼ਨ(1) ਅਨੁਸਾਰ ਨਿਯੁਕਤ ਅਧਿਆਪਕ ਆਪਣੀਆਂ ਵਿਦਿਅਕ ਯੋਗਤਾਵਾਂ ਨੂੰ ਪੂਰਾ ਕਰਦਾ ਹੋਵੇ।ਜੇਕਰ ਪਹਿਲਾਂ ਤੋ ਨਿਯੁਕਤ ਹਨ ਤਾ ਉਹ ਆਪਣੀਆਂ ਲੋੜੀਦੀਆਂ ਘੱਟ ਤੋ ਘੱਟ ਵਿਦਿਅਕ ਯੋਗਤਾਵਾਂ ਕਾਨੂੰਨ ਦੇ ਲਾਗੂ ਹੋਣ ਦੀ ਮਿਤੀ ਤੋ ਨੋਕਰੀ ਵਿੱਚ ਆਉਣ ਦੇ 5 ਸਾਲਾਂ ਦੋਰਾਣ ਪੂਰੀਆਂ ਕਰਨਗੇ।

(ਖ)ਸਿੱਖਿਆ ਕਾਨੂੰਨ ਦੇ ਸੈਕਸ਼ਨ 24 ਅਤੇ ਸਬ ਸੈਕਸ਼ਨ(1) ਅਨੁਸਾਰ ਦਰਸਾਏ ਗਏ ਨਿਯਮਾਂ ਤਹਿਤ ਅਧਿਆਪਕ ਆਪਣੀਆਂ ਡਿਊਟੀਆਂ ਨਿਭਾਉਣਗੇ।

(ਗ) ਆਧਿਆਪਕ ਆਪਣੇ ਆਪ ਨੂੰ ਕਿਸੇ ਵੀ ਕਿਸਮ ਦੀ ਪ੍ਰਾਇਵੇਟ ਟਿਊਸ਼ਨ ਵਿੱਚ ਸ਼ਾਮਲ ਨਹੀ ਕਰਨਗੇ।

8: ਸਕੂਲ,ਯੋਗ ਪ੍ਰਬੰਧਕੀ ਸੰਸਥਾ/ਅਥਾਰਟੀ ਦੁਆਰਾ ਨਿਯਮਿਤ ਕੀਤਾ ਗਿਆ ਸਮਾਂ ਸਾਰਣੀ ਅਤੇ ਪਾਠਕ੍ਰਮ ਵੰਡ ਦਾ ਅਨੁਸਰਣ ਕਰੇਗਾ।

9: ਸਕੂਲ ਕਾਨੂੰਨ ਦੀ ਧਾਰਾ 19 ਵਿੰਚ ਦਰਸਾਏ ਗਏ ਅਨੁਪਾਤ ਅਨੁਸਾਰ ਬੱਚਿਆਂ ਦਾ ਦਾਖਲਾ ਕਰੇਗਾ।

10: ਸਕੂਲ ਸਿੱਖਿਆ ਅਧਿਕਾਰ ਕਾਨੂੰਨ ਦੀ ਧਾਰਾ 19 ਅਨੁਸਾਰ ਮਾਪਦੰਡ ਅਨੁਸਾਰ ਪਾਲਣਾ ਕਰੇਗਾ।ਜੋ ਸਹੂਲਤਾਂ ਪਿਛਲੇ ਸ਼ਮੇ ਦੇ ਮੁਆਇਨੇ ਅਨੁਸਾਰ ਦਰਸਾਈਆਂ ਗਈਆਂ ਹਨ,ਜੇਕਰ ਹਨ ਤਾਂ ਹੇਠ ਲਿਖੇ ਅਨੁਸਾਰ ਹਨ:-

ਸਕੂਲ ਦਾ ਖੇਤਰਫਲ

ਬਣਿਆ ਹੋਇਆ ਕੁੱਲ ਖੇਤਰਫਲ

ਖੇਡ ਦੇ ਮੈਦਾਲ ਦਾ ਖੇਤਰਫਲ

ਸ੍ਰੇਣੀਆਂ ਦੇ ਕਮਰਿਆਂ ਦੀ ਗਿਣਤੀ

ਮੁੱਖ ਅਧਿਆਪਕ ਕਮ ਅਫਸਰ ਕਮ ਭੰਡਾਰਣ ਦਾ ਕਮਰਾ

ਲਿਖਣ ਪੜਣ ਸੰਬੰਧੀ ਸਮੱਗਰੀ/ਖੇਡਾਂ ਦਾ ਸਮਾਨ/ਲਾਇਬਰੇਰੀ ਦੀ ਸਮੱਗਰੀ ਦੀ ਉਪਲਬਧਤਾ।

11: ਉਸੇ ਸਕੂਲ ਦੇ ਨਾ ਉਤੇ ਸਕੂਨ ਦੇ ਅਹਾਤੇ ਦੇ ਅੰਦਰ ਜਾਂ ਬਾਹਿਰ ਕੋਈ ਵੀ ਗੈਰ ਮਾਨਤਾ ਸ੍ਰੇਣੀ ਨਹੀ ਪੜ੍ਹਾਈ ਜਾਵੇਗੀ।

12: ਸਕੂਲ ਦੀ ਇਮਾਰਤ ਅਤੇ ਢਾਂਚਾ ਜਾਂ ਖੇਡ ਦਾ ਮੈਦਾਨ ਸਿਰਫ ਅਤੇ ਸਿਰਫ ਸਕੂਲ ਦੀ ਵਿਦਿਅਕ ਗਤੀਵਿਧੀਆਂ ਅਤੇ ਹੁਨਰ ਦੇ ਵਿਕਾਸ ਲਈ ਹੀ ਵਰਤਿਆ ਜਾਵੇਗਾ।

13: ਸਕੂਲ (1860 ਦੇ ਕਾਨੂੰਨ ਨੰ:21) ਕਾਨੂੰਨ ਤਹਿਤ ਪੰਜੀਕ੍ਰਿਤ ਸੁਸਾਇਟੀ ਵੱਲੋ ਚਲਾਇਆ ਜਾ ਰਹਿਾ ਹੋਵੇ।ਜਾਂ ਕੁਝ ਸਮੇ ਲਈ ਕੋਈ ਵੀ ਜਨਤਕ ਸੰਸਥਾ ਦੁਆਰਾ ਚਲਾਇਆ ਜਾ ਕੰਮ ਕਰ ਰਿਹਾ ਹੋਵੇ।

14: ਸਕੂਲ ਕਿਸੇ ਵੀ ਵਿਅਕਤੀਗਤ ਵਰਗ ਜਾਂ ਵਿਅਕਤੀਗਤ ਗਠਜੋੜ ਨੂੰ ਫਾਇਦਾ ਨਾ ਪਹੁੰਚਾਉਣ ਲਈ ਨਾ ਚਲਾਇਆ ਜਾਂਦਾ ਹੋਵੇ।

15: ਸਕੂਲ ਦਾ ਲੇਖਾ ਜੋਖਾ ਪ੍ਰਮਾਣਿਤ ਲੇਖਾਕਾਰ/ਸੀ:ਏ: ਕੋਲੋ ਲਿਰੀਖਤ ਕੀਤਾ ਹੋਵੇ ਅਤੇ ਲਿਯਮਾਂ ਮੁਤਾਬਿਕ ਲੇਖੇ ਦੀ ਸਾਰਦੀ ਬਣਾਈ ਹੋਣੀ ਚਾਹੀਦੀ ਹੈ।ਹਰ ਵਰੇ ਸਾਰਣੀ ਉਤਾਰਾ ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ) ਨੂੰ ਸੂਚਨਾਂ ਹਿੱਤ ਭੇਜਿਆ ਜਾਵੇਗਾ।

16: ਆਪ ਜੀ ਦੇ ਸਕੂਲ ਦਾ ਮਾਨਤਾ ਪ੍ਰਾਪਤ ਸਨਾਖਤੀ ਨੰ: ਉਪਰੋਕਤ ਦਰਸਾਈ ਲਿਸਟ ਵਿੱਚ ਦਰਜ ਹੈ।(ਕਿਰਪਾ ਕਰਕੇ ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਅੱਗੇ ਤੋ ਭਵਿੱਖ ਵਿੱਚ ਇਹ ਸਨਾਖਤੀ ਨੰਬਰ ਪੱਤਰ ਵਿਵਹਾਰ ਕਰਦੇ ਸਮੇ ਦਰਸਾਇਆ ਜਾਵੇ।

17: ਸਕੂਲ ਅਜਿਹੀਆਂ ਸਾਰੀਆਂ ਰਿਪੋਰਟਾਂ ਅਤੇ ਸੂਚਨਾਂ ਜ਼ਿਲ੍ਹਾ ਸਿੱਖਿਆ ਅਫਸਰ ਜਾਂ ਨਿਰਦੇਸ਼ਕ ਸਿੱਖਿਆ ਵਿਭਾਗ ਨੂੰ ਸਮੇ ਸਮੇ ਪੁਜਦਾ ਕਰੇਗਾ ਅਤੇ ਰਾਜ ਸਰਕਾਰ ਜਾਂ ਸਥਾਨਕ ਪ੍ਰਬੰਧਕ ਨੂੰ ਸਮੇ ਸਮੇ ਉਹਨਾ ਵੱਲੋ ਨਿਰਦੇਸ਼ਿਤ ਸੂਚਨਾਂ ਮਹੁੱਈਆਂ ਕਰਵਾਉਣ ਲਈ ਪਾਬੰਦ ਹੋਵੇਗਾ।ਜਿਹੜੀਆਂ ਸਕੂਲ ਵੱਲੋ ਦੂਰ ਕੀਤੀਆਂ ਗਈਆਂ ਘਾਟਾਂ ਜਿਹੜੀਆਂ ਕਿ ਉਸ ਨੂੰ ਪੰਜਕ੍ਰਿਤ ਹੋਣ ਲਈ ਜ਼ਰੂਰੀ ਹਨ।

18: ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੰਸਥਾ ਦੀ ਪੰਜੀਕਰਨ ਨਵਿਆਈ ਗਈ ਹੈ।

19: ਹੋਰ ਸ਼ਰਤਾਂ ਅਨੇਕਚਰ 3 ਅਨੁੰਸਾਰ ਨਾਲ ਨੱਥੀ ਹਨ।

Principal
Delhi Public School
Gurdaspur

ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ)
ਗੁਰਦਾਸਪੁਰ।
Cum Member Secretary
Cum District Project Director
SSA, Gurdaspur

DELHI PUBLIC SCHOOL GURDASPUR